# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :14-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ:***

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ 80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਦੀ ਸ਼ਾਮ ਰਾਸ਼ਟਰ ਨੂੰ ਸੰਬੋਧਨ ਕਰਨਗੇ।

- 2026 ਦੇ ਸੁਤੰਤਰਤਾ ਦਿਵਸ ਦੇ ਮੌਕੇ 'ਤੇ, ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੇ 21 ਅਧਿਕਾਰੀਆਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਏ ।

- ਚੰਡੀਗੜ੍ਹ, ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਦੇ ਲਾਭਪਾਤਰੀਆਂ ਲਈ, CBDC ਅਧਾਰਤ ਭੋਜਨ ਸਬਸਿਡੀ ਦੇ

ਸਿੱਧੇ ਲਾਭ ਤਬਾਦਲੇ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਕੇਂਦਰ ਸ਼ਾਸਿਤ ਪ੍ਰਦੇਸ਼ ਬਣਿਆ.

- 1947 ਦੀ ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਦੀ ਯਾਦ ਵਿਚ ਅੱਜ ਵਿਭਾਜਨ ਵਿਭੀਸ਼ਿਕਾ ਯਾਦਗਾਰੀ ਦਿਵਸ ਮਨਾਇਆ ਜਾ ਰਿਹਾ ਏ.

- ਭਾਰਤੀ ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ, ਸਮੇਤ ਉੱਤਰ-ਪੂਰਬੀ ਭਾਰਤ ਦੇ ਕਈ ਹਿੱਸਿਆਂ ਵਿੱਚ ਭਾਰੀ ਬਾਰਿਸ਼ ਦੀ ਸੰਭਾਵਨਾ ਜਤਾਈ ਏ।

## *ਹੁਣ ਖਬਰਾਂ ਵਿਸਥਾਰ ਨਾਲ*

ਰਾਸ਼ਟਰ ਭਲਕੇ ਆਪਣਾ 80ਵਾਂ ਸੁਤੰਤਰ ਦਿਵਸ ਮਨਾ ਰਿਹਾ ਏ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ 80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਦੀ ਸ਼ਾਮ ਰਾਸ਼ਟਰ ਨੂੰ ਸੰਬੋਧਨ ਕਰਨਗੇ। ਰਾਸ਼ਟਰਪਤੀ ਦਾ ਭਾਸ਼ਣ ਆਕਾਸ਼ਵਾਣੀ ਦੇ ਸਾਰੇ ਰਾਸ਼ਟਰੀ ਚੈਨਲਾਂ 'ਤੇ ਸ਼ਾਮ 7 ਵਜੇ ਪ੍ਰਸਾਰਿਤ ਕੀਤਾ ਜਾਵੇਗਾ। ਇਹ ਸਾਰੇ ਦੂਰਦਰਸ਼ਨ ਚੈਨਲਾਂ 'ਤੇ ਹਿੰਦੀ ਵਿੱਚ

ਪ੍ਰਸਾਰਿਤ ਕੀਤਾ ਜਾਵੇਗਾ, ਜਿਸ ਤੋਂ ਬਾਅਦ ਅੰਗਰੇਜ਼ੀ ਰੂਪ ਵੀ ਪ੍ਰਸਾਰਿਤ ਹੋਵੇਗਾ। ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ ਦੇ ਪ੍ਰਸਾਰਿਤ ਹੋਣ ਤੋਂ ਬਾਅਦ, ਇਸਨੂੰ ਦੂਰਦਰਸ਼ਨ ਦੇ ਖੇਤਰੀ ਚੈਨਲਾਂ 'ਤੇ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ।

ਆਕਾਸ਼ਵਾਣੀ ਦੇ ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਦੇਸ਼ ਦੇ ਨਾਂ ਸੰਦੇਸ਼ ਦੇ ਮੱਦੇਨਜ਼ਰ, ਪੰਜਾਬੀ ਖਬਰਾਂ ਦਾ ਸ਼ਾਮ ਸਾਢੇ 7 ਵਜੇ ਪ੍ਰਸਾਰਿਤ ਹੋਣ ਵਾਲਾ ਰਾਸ਼ਟਰੀ ਬੁਲੇਟਿਨ ਅੱਜ ਸ਼ਾਮ 8 ਵਜੇ ਪ੍ਰਸਾਰਿਤ ਹੋਏਗਾ।

---------------------------------------------------

ਦੇਸ਼ ਕੱਲ੍ਹ ਆਪਣਾ 80ਵਾਂ ਸੁਤੰਤਰਤਾ ਦਿਵਸ ਮਨਾਏਗਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਿੱਲੀ ਦੇ ਇਤਿਹਾਸਕ ਲਾਲ ਕਿਲ੍ਹੇ ਤੋਂ ਜਸ਼ਨਾਂ ਦੀ ਅਗਵਾਈ ਕਰਨਗੇ। ਭਾਰਤੀ ਹਵਾਈ ਫੌਜ ਦੇ ਦੋ Mi-17 ਹੈਲੀਕਾਪਟਰ ਸਮਾਗਮ ਸਥਾਨ 'ਤੇ ਫੁੱਲਾਂ ਦੀ ਵਰਖਾ ਕਰਨਗੇ। ਰਾਸ਼ਟਰੀ ਝੰਡਾ ਲਹਿਰਾਇਆ ਜਾਵੇਗਾ ਅਤੇ 21 ਤੋਪਾਂ ਦੀ ਸਲਾਮੀ ਦਿੱਤੀ ਜਾਵੇਗੀ। ਫੁੱਲਾਂ ਦੀ ਵਰਖਾ ਤੋਂ ਬਾਅਦ, ਪ੍ਰਧਾਨ ਮੰਤਰੀ ਲਾਲ ਕਿਲ੍ਹੇ ਦੀ ਫਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਨਗੇ।

ਪਹਿਲੀ ਵਾਰ, ਲਾਲ ਕਿਲ੍ਹੇ ਵਿਖੇ ਜਸ਼ਨਾਂ ਦੌਰਾਨ ਵੰਦੇ ਮਾਤਰਮ ਗਾਇਆ ਜਾਵੇਗਾ। ਨੈਸ਼ਨਲ ਕੈਡੇਟ ਕੋਰ ਅਤੇ My BHARAT ਵਲੰਟੀਅਰ

ਰਾਸ਼ਟਰੀ ਗੀਤ ਵੰਦੇ ਮਾਤਰਮ ਗਾਉਣਗੇ ਅਤੇ ਉਸ ਤੋਂ ਬਾਅਦ ਰਾਸ਼ਟਰੀ ਗਾਣ ਗਾਇਆ ਜਾਏਗਾ. ਫੌਜ, ਸਮੁੰਦਰੀ ਫੌਜ ਅਤੇ ਹਵਾਈ ਫੌਜ ਦੇ ਕੁੱਲ ਦੋ ਹਜ਼ਾਰ 500 ਕੈਡਿਟ ਅਤੇ My BHARAT ਵਲੰਟੀਅਰ, ਜਿਹਨਾਂ ‘ਚ ਕੁੜੀਆਂ ਤੇ ਮੁੰਡੇ ਦੋਵੇਂ ਸ਼ਾਮਿਲ ਨੇ, ਜਸ਼ਨਾਂ ਵਿੱਚ ਹਿੱਸਾ ਲੈਣਗੇ। ਲਾਲ ਕਿਲ੍ਹੇ ਵਿਖੇ ਜਸ਼ਨ ਦੇਖਣ ਲਈ ਵੱਖ-ਵੱਖ ਖੇਤਰਾਂ ਦੇ ਕਰੀਬ ਪੰਜ ਹਜ਼ਾਰ ਵਿਸ਼ੇਸ਼ ਮਹਿਮਾਨਾਂ ਨੂੰ ਸੱਦਾ ਦਿੱਤਾ ਗਿਆ ਏ। ਇਸ ਸਮਾਰੋਹ ਦੇ ਮੱਦੇਨਜ਼ਰ ਦਿੱਲੀ ਪੁਲਿਸ ਨੇ ਰਾਸ਼ਟਰੀ ਰਾਜਧਾਨੀ ਵਿੱਚ ਸੁਰੱਖਿਆ ਦੇ ਵਿਆਪਕ ਪ੍ਰਬੰਧ ਵੀ ਕੀਤੇ ਨੇ।

----------------------------------------------------

ਸਰਕਾਰ ਨੇ ਦਿੱਲੀ ਦੇ ਲਾਲ ਕਿਲ੍ਹੇ ਵਿਖੇ 80ਵੇਂ ਆਜ਼ਾਦੀ ਦਿਵਸ ਸਮਾਰੋਹ ਨੂੰ ਦੇਖਣ ਲਈ ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਤੋਂ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ ਦੇ 100 ਲਾਭਪਾਤਰੀਆਂ ਨੂੰ "ਵਿਸ਼ੇਸ਼ ਮਹਿਮਾਨ" ਵਜੋਂ ਸੱਦਾ ਦਿੱਤਾ ਏ । ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ ਮੰਤਰਾਲੇ (MSME) ਨੇ ਕਿਹਾ ਕਿ ਏ ਲਾਭਪਾਤਰੀਆਂ ਨੂੰ ਸਤਿਕਾਰ ਅਤੇ ਪ੍ਰਸ਼ੰਸਾ ਦੇ ਪ੍ਰਤੀਕ ਵਜੋਂ ਯਾਦਗਾਰੀ ਤੋਹਫ਼ੇ ਪ੍ਰਾਪਤ ਹੋਣਗੇ, ਜਿਸ ਤੋਂ ਬਾਅਦ ਅੱਜ MSME ਅਧਿਕਾਰੀਆਂ ਨਾਲ ਗੱਲਬਾਤ ਹੋਵੇਗੀ।

ਸੱਦੇ ਗਏ ਲਾਭਪਾਤਰੀ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ ਦੇ ਅਧੀਨ ਆਉਂਦੇ 18 ਰਵਾਇਤੀ ਕਿੱਤਿਆਂ ਨਾਲ ਜੁੜੇ ਹੋਏ ਨੇ. ਇਨ੍ਹਾਂ ਵਿੱਚ

ਦਰਜ਼ੀ, ਤਰਖਾਣ, ਸੁਨਿਆਰਾ, ਲੁਹਾਰ, ਤਾਲਾ ਬਣਾਉਣ ਵਾਲਾ ਅਤੇ ਹੋਰ ਕਾਰੀਗਰ ਸ਼ਾਮਲ ਨੇ. ਇਨ੍ਹਾਂ ਲਾਭਪਾਤਰੀਆਂ ਨੂੰ ਇਸ ਯੋਜਨਾ ਦੇ ਤਹਿਤ ਕਈ ਲਾਭ ਪ੍ਰਾਪਤ ਹੋਏ ਨੇ, ਜਿਸ ਵਿੱਚ ਰਜਿਸਟ੍ਰੇਸ਼ਨ, ਬੁਨਿਆਦੀ ਹੁਨਰ ਸਿਖਲਾਈ, ਟੂਲਕਿੱਟ ਅਤੇ ਯੋਜਨਾ ਦੇ ਤਹਿਤ ਹੋਰ ਸਹਾਇਤਾ ਸ਼ਾਮਲ ਏ। ਇਨ੍ਹਾਂ ਵਿਸ਼ੇਸ਼ ਮਹਿਮਾਨਾਂ ਵਿੱਚ ਵੱਖ-ਵੱਖ ਰਵਾਇਤੀ ਕਿੱਤਿਆਂ ਵਿੱਚ ਰੁੱਝੀਆਂ ਔਰਤ ਕਾਰੀਗਰ ਵੀ ਸ਼ਾਮਿਲ ਨੇ।

---------------------------------------------------

ਪੰਜਾਬ ‘ਚ ਸਵਤੰਤਰਤਾ ਦਿਵਸ ਦਾ ਮੁੱਖ, ਰਾਜ ਪਧਰੀ ਸਮਾਰੋਹ, ਫਿਰੋਜ਼ਪੁਰ ਵਿਖੇ ਹੋਏਗਾ ਜਿਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਾਸ਼ਟਰੀ ਝੰਡਾ ਲਹਿਰਾਉਣਗੇ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ਼੍ਰੀ ਕੁਲਤਾਰ ਸਿੰਘ ਸੰਧਵਾਂ ਰੂਪਨਗਰ ਵਿਖੇ ਅਤੇ ਡਿਪਟੀ ਸਪੀਕਰ ਤਰਨਤਾਰਨ ਵਿਖੇ ਹੋਣ ਵਾਲੇ ਸਮਾਰੋਹਾਂ ਵਿਖੇ ਰਾਸ਼ਟਰੀ ਝੰਡਾ ਲਹਿਰਾ ਕੇ ਜਸ਼ਨਾਂ ‘ਚ ਹਿੱਸਾ ਲੈਣਗੇ. ਬਾਕੀ ਜ਼ਿਲਿਆਂ ਵਿਚ ਵੀ ਪੰਜਾਬ ਦੇ ਮੰਤਰੀਆਂ ਅਤੇ ਨਾਲ ਹੀ ਡਵੀਜ਼ਨਲ ਕਮਿਸ਼ਨਰਾਂ ਤੇ ਡਿਪਟੀ ਕਮਿਸ਼ਨਰਾਂ ਵਲੋਂ ਆਜ਼ਾਦੀ ਦਿਵਸ ਦੇ ਸਮਾਰੋਹਾਂ ਦੀ ਪ੍ਰਧਾਨਗੀ ਕੀਤੀ ਜਾਏਗੀ।

ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਪੰਜਾਬ ਭਰ ਵਿਚ ਸੁਰੱਖਿਆ ਦੇ ਪ੍ਰਖਤਾ ਇੰਤਜ਼ਾਮ ਕੀਤੇ ਗਏ ਨੇ. ਕਿਸੇ ਅਣਸੁਖਾਵੀਂ ਘਟਨਾ ਨੂੰ ਹੋਣ ਤੋਂ ਰੋਕਣ

ਲਈ ਪੁਲਿਸ ਵਲੋਂ ਥਾਂ-ਥਾਂ 'ਤੇ ਨਾਕੇ ਲਾ ਕੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਏ, ਬਾਜ਼ਾਰਾਂ, ਬਸ ਅੱਡਿਆਂ ਅਤੇ ਸੜਕਾਂ ਤੇ ਰਲਵੇ ਸਟੇਸ਼ਨਾਂ ਸਮੇਤ ਸੰਵੇਦਨਸ਼ੀਲ ਥਾਵਾਂ 'ਤੇ ਪੁਲਿਸ ਵਲੋਂ ਗਸ਼ਤ ਕੀਤੀ ਜਾ ਰਹੀ ਏ ਤੇ ਕਈ ਜ਼ਿਲਿਆਂ 'ਚ ਝੰਡਾ ਮਾਰਚ ਵੀ ਕੱਢੇ ਜਾ ਰਹੇ ਨੇ।

---------------------------------------------------

2026 ਦੇ ਸੁਤੰਤਰਤਾ ਦਿਵਸ ਦੇ ਮੌਕੇ 'ਤੇ, ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੇ 21 ਅਧਿਕਾਰੀਆਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਏ। ਛੇ ਅਧਿਕਾਰੀਆਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਏ। ਇਨ੍ਹਾਂ ਵਿੱਚ ਪੁਲਿਸ ਦੇ ਸਹਾਇਕ ਇੰਸਪੈਕਟਰ ਜਨਰਲ ਸ਼ੋਭਾ ਦੱਤਾ, ਵਧੀਕ ਪੁਲਿਸ ਸੁਪਰਡੈਂਟ ਮਨੋਜ ਬੈਨਰਜੀ, ਵਧੀਕ ਪੁਲਿਸ ਸੁਪਰਡੈਂਟ ਗਿੰਨੀ ਰਾਣਾ ਅਤੇ ਪੁਲਿਸ ਦੇ ਡਿਪਟੀ ਸੁਪਰਡੈਂਟ ਸੰਜੇ ਕੁਮਾਰ ਸਮਾਲ ਸ਼ਾਮਿਲ ਨੇ।

---------------------------------------------------

ਸਰਕਾਰ ਨੇ ਆਜ਼ਾਦੀ ਦਿਵਸ ਦੇ ਮੌਕੇ 'ਤੇ ਪੁਲਿਸ, ਅੱਗ ਬੁਝਾਉ ਅਮਲੇ, ਹੋਮ ਗਾਰਡ, ਅਤੇ ਸਿਵਲ ਸੁਰੱਖਿਆ ਅਤੇ ਸੁਧਾਰ ਸੇਵਾਵਾਂ ਦੇ 1 ਹਜ਼ਾਰ 57 ਮੁਲਾਜ਼ਮਾਂ ਨੂੰ ਬਹਾਦਰੀ ਅਤੇ ਸੇਵਾ ਮੈਡਲ ਦੇਣ ਦਾ ਐਲਾਨ ਕੀਤਾ

ਏ । ਗ੍ਰਹਿ ਮੰਤਰਾਲੇ ਨੇ ਅੱਜ 301 ਬਹਾਦਰੀ ਮੈਡਲਾਂ ਦੀ ਸੂਚੀ ਜਾਰੀ ਕੀਤੀ ਏ। ਇਨ੍ਹਾਂ ਵਿੱਚ ਪੁਲਿਸ ਮੁਲਾਜ਼ਮਾਂ ਲਈ 272 ਅਤੇ ਅੱਗ ਬੁਝਾਊ ਅਮਲੇ ਦੇ ਮੁਲਾਜ਼ਮਾਂ ਲਈ 29 ਮੈਡਲ ਸ਼ਾਮਿਲ ਨੇ।

ਬਹਾਦਰੀ ਮੈਡਲ, ਜਾਨ-ਮਾਲ ਦੀ ਰੱਖਿਆ ਕਰਨ, ਅਪਰਾਧ ਨੂੰ ਰੋਕਣ ਜਾਂ ਅਪਰਾਧੀਆਂ ਨੂੰ ਫੜ੍ਹਨ ਵਿੱਚ ਅਸਾਧਾਰਨ ਹਿੰਮਤ ਦਿਖਾਉਣ ਲਈ ਦਿੱਤੇ ਜਾਂਦੇ ਨੇ।

-----------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ, 80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਦੀ ਸ਼ਾਮ, ਅੱਜ 5 ਵੱਜ ਕੇ 10 ਮਿੰਟ 'ਤੇ ਸੈਨਿਕਾਂ ਨੂੰ ਸੰਬੋਧਨ ਕਰਨਗੇ। ਉਨ੍ਹਾਂ ਦਾ ਸੰਬੋਧਨ, ਆਕਾਸ਼ਵਾਣੀ ਦੇ ਐੱਫ.ਐੱਮ. ਗੋਲਡ ਅਤੇ ਇੰਦਰਪ੍ਰਸਥ ਚੈਨਲ 'ਤੇ ਪ੍ਰਸਾਰਿਤ ਕੀਤਾ ਜਾਵੇਗਾ।

-----------------------------------------------------------

ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਤਹਿਤ, ਕੇਂਦਰੀ ਬੈਂਕ ਡਿਜੀਟਲ ਕਰੰਸੀ (CBDC) – ਸਿੱਧੇ ਲਾਭ ਤਬਾਦਲੇ - DBT ਲਈ, Digital Rupee ਅੱਜ ਕੇਂਦਰ ਸ਼ਾਸਿਤ ਪ੍ਰਦੇਸ਼, ਚੰਡੀਗੜ੍ਹ ਵਿੱਚ ਜਾਰੀ ਕੀਤਾ ਗਿਆ ਏ।

ਇਹ ਪਹਿਲ, ਭਾਰਤ ਸਰਕਾਰ ਵਲੋਂ ਭਲਾਈ ਯੋਜਨਾਵਾਂ ਵਿੱਚ ਸਬਸਿਡੀ ਵਾਲੇ ਅਨਾਜ ਦੀ ਭੌਤਿਕ ਵੰਡ ਤੋਂ ਸਿੱਧੇ ਲਾਭ ਤਬਾਦਲੇ ਅਤੇ ਹੁਣ CBDC ਰਾਹੀਂ, ਉਦੇਸ਼-ਬੱਧ ਡਿਜੀਟਲ ਡਿਲੀਵਰੀ ਤੱਕ ਦੇ ਅਗਲੇ ਵਿਕਾਸ ਨੂੰ ਦਰਸਾਉਂਦੀ ਏ।

ਅਧਿਕਾਰਤ ਹਲਕਿਆਂ ਦੇ ਹਵਾਲੇ ਨਾਲ, ਸਾਡੇ ਪੱਤਰਕਾਰ ਨੇ ਦੱਸਿਆ ਏ ਕਿ, ਚੰਡੀਗੜ੍ਹ, ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਦੇ ਲਾਭਪਾਤਰੀਆਂ ਲਈ, CBDC ਅਧਾਰਤ ਭੋਜਨ ਸਬਸਿਡੀ ਦੇ ਸਿੱਧੇ ਲਾਭ ਤਬਾਦਲੇ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਕੇਂਦਰ ਸ਼ਾਸਿਤ ਪ੍ਰਦੇਸ਼ ਹੋਵੇਗਾ।

ਇਸ ਸਮਾਰੋਹ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਕੀਤੀ। ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ, ਮੁੱਖ ਮਹਿਮਾਨ ਅਤੇ ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਬਾਰੇ ਕੇਂਦਰੀ ਮੰਤਰੀ, ਪ੍ਰਹਿਲਾਦ ਜੋਸ਼ੀ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਇਸ ਮੌਕੇ ਆਪਣੇ ਸੰਬੋਧਨ ਵਿੱਚ, ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ, ਖੁਰਾਕ ਸੁਰੱਖਿਆ ਸਭ ਤੋਂ ਵੱਡੀ ਤਰਜੀਹ ਏ -

**BYTE: SHIVRAJ SINGH**

ਇਹ ਪਹਿਲਕਦਮੀ, ਦਾਦਰਾ ਅਤੇ ਨਗਰ ਹਵੇਲੀ ਲਈ ਵੀ ਚੰਡੀਗੜ੍ਹ ਤੋਂ ਹੀ ਵਰਚੁਅਲ ਮਾਧਿਅਮ ਰਾਹੀਂ, ਸ਼ੁਰੂ ਕੀਤੀ ਗਈ।

---

ਅੱਜ ਵਿਭਾਜਨ ਵਿਭੀਸ਼ਿਕਾ ਯਾਦਗਾਰੀ ਦਿਵਸ ਏ।

ਇਸ ਮੌਕੇ ਦੇਸ਼, 1947 ਦੀ ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਮੌਕੇ, ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਵਾਲਿਆਂ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵੰਡ ਨੂੰ ਇਤਿਹਾਸ ਦਾ ਇੱਕ ਅਜਿਹਾ ਪਲ ਦੱਸਿਆ ਜਿਸਨੇ ਕਈ ਪਰਿਵਾਰ ਬੇਘਰ ਕਰ ਦਿੱਤੇ ਅਤੇ ਲੋਕਾਂ ਨੂੰ ਬੇਅੰਤ ਦੁੱਖ ਝੱਲਣੇ ਪਏ। ਸ਼੍ਰੀ ਮੋਦੀ ਨੇ ਕਿਹਾ ਕਿ ਉਸੇ ਸਮੇਂ, ਲੋਕਾਂ ਨੇ ਇਸ 'ਤੇ ਕਾਬੂ ਪਾਇਆ, ਮੁਸੀਬਤਾਂ ਨੂੰ ਪ੍ਰਾਪਤੀ ਵਿੱਚ ਬਦਲਿਆ ਅਤੇ ਦੇਸ਼ ਦੀ ਤਰੱਕੀ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦੀਆਂ ਜੀਵਨ ਯਾਤਰਾਵਾਂ ਸਾਰਿਆਂ ਨੂੰ ਮਨੁੱਖੀ ਭਾਵਨਾ ਦੀ ਤਾਕਤ ਦੀ ਯਾਦ ਦਿਵਾਉਂਦੀਆਂ ਨੇ।

---

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ, ਨਾਰਕੋਟਿਕਸ ਕੰਟਰੋਲ ਬਿਊਰੋ (NCB) ਨੇ ਭਗੌੜੇ ਨਸ਼ਾ ਤਸਕਰ ਸਰਗਨਾ Virender Singh Basoya ਦੀ ਸੰਯੁਕਤ ਅਰਬ ਅਮੀਰਾਤ (UAE) ਤੋਂ ਵਾਪਸੀ ਯਕੀਨੀ ਬਣਾ ਲਈ ਏ। ਅੱਜ ਸਵੇਰੇ ਨਵੀਂ ਦਿੱਲੀ ਦੇ IGI ਹਵਾਈ ਅੱਡੇ 'ਤੇ ਪਹੁੰਚਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਏ। ਭਾਰਤੀ ਏਜੰਸੀਆਂ ਵੱਲੋਂ ਸੰਯੁਕਤ ਅਰਬ ਅਮੀਰਾਤ ਦੇ ਅਧਿਕਾਰੀਆਂ ਨਾਲ ਲਗਾਤਾਰ ਤਾਲਮੇਲ ਰਾਹੀਂ, ਉਸ ਦੀ ਭਾਰਤ ਵਾਪਸੀ ਸੰਭਵ ਬਣਾਈ ਗਈ। ਸ਼੍ਰੀ ਸ਼ਾਹ ਨੇ ਕਿਹਾ ਕਿ, ਇਹ ਨਸ਼ੀਲੇ ਪਦਾਰਥਾਂ ਖਿਲਾਫ ਸਰਕਾਰ ਦੀ ਬਿਲਕੁਲ ਵੀ ਨਾ ਬਰਦਾਸ਼ਤ ਕਰਨ ਵਾਲੀ ਨੀਤੀ ਵਿੱਚ, ਇੱਕ ਨਵਾਂ ਮੀਲ-ਪੱਥਰ ਏ।

---

ਸਰਕਾਰ ਨੇ ਜੰਮੂ-ਕਸ਼ਮੀਰ ਵਿੱਚ 18 ਕਰੋੜ 60 ਲਖ ਦੇ ਤਿੰਨ ਵਿਰਾਸਤੀ ਸੰਭਾਲ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਏ । ਇਨ੍ਹਾਂ ਪ੍ਰੋਜੈਕਟਾਂ ਦਾ ਉਦੇਸ਼ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ ਵਾਲੇ ਸਥਾਨਾਂ ਨੂੰ ਬਹਾਲ ਕਰਨਾ ਅਤੇ ਖੇਤਰ ਦੀ ਵਿਰਾਸਤੀ ਸੈਰ-ਸਪਾਟਾ ਸੰਭਾਵਨਾ ਨੂੰ ਮਜ਼ਬੂਤ ਕਰਨਾ ਏ।

---

ਭਾਰਤੀ ਮੌਸਮ ਵਿਭਾਗ (IMD) ਨੇ ਅੱਜ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਸਮੇਤ ਉੱਤਰ – ਪੂਰਬੀ ਭਾਰਤ ਦੇ ਕਈ ਇਲਾਕਿਆਂ ਵਿੱਚ ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਲਈ ORANGE ਅਲਰਟ ਜਾਰੀ ਕੀਤਾ ਏ । ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਅਤੇ ਭਾਰਤ ਦੇ ਹੋਰ ਉੱਤਰ-ਪੂਰਬੀ ਹਿੱਸਿਆਂ ਵਿੱਚ ਵੀ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਏ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ 80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਦੀ ਸ਼ਾਮ ਰਾਸ਼ਟਰ ਨੂੰ ਸੰਬੋਧਨ ਕਰਨਗੇ।

- 2026 ਦੇ ਸੁਤੰਤਰਤਾ ਦਿਵਸ ਦੇ ਮੌਕੇ 'ਤੇ, ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੇ 21 ਅਧਿਕਾਰੀਆਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਏ ।

- ਚੰਡੀਗੜ੍ਹ, ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਦੇ ਲਾਭਪਾਤਰੀਆਂ ਲਈ, CBDC ਅਧਾਰਤ ਭੋਜਨ ਸਬਸਿਡੀ ਦੇ

ਸਿੱਧੇ ਲਾਭ ਤਬਾਦਲੇ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਕੇਂਦਰ ਸ਼ਾਸਿਤ ਪ੍ਰਦੇਸ਼ ਬਣਿਆ.

- 1947 ਦੀ ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਦੀ ਯਾਦ ਵਿਚ ਅੱਜ ਵਿਭਾਜਨ ਵਿਭੀਸ਼ਿਕਾ ਯਾਦਗਾਰੀ ਦਿਵਸ ਮਨਾਇਆ ਜਾ ਰਿਹਾ ਏ.

- ਭਾਰਤੀ ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ, ਸਮੇਤ ਉੱਤਰ-ਪੂਰਬੀ ਭਾਰਤ ਦੇ ਕਈ ਹਿੱਸਿਆਂ ਵਿੱਚ ਭਾਰੀ ਬਾਰਿਸ਼ ਦੀ ਸੰਭਾਵਨਾ ਜਤਾਈ ਏ।

------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**